# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times   18 ਅਕਤੂਬਰ 2026 ਦਿਨ ਐਤਵਾਰ   ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਕੈਨੇਡੀਅਨ ਪੰਜਾਬੀ ਕਵਿੱਤਰੀ ਬਿੰਦੂ ਦਲਵੀਰ ਕੌਰ ਦਾ ਗ਼ਜ਼ਲ ਸੰਗ੍ਰਹਿ "ਮਨ ਬਉਰਾ" ਪ੍ਰੋ. ਗੁਰਭਜਨ ਸਿੰਘ ਗਿੱਲ, ਪ੍ਰੋ. ਰਵਿੰਦਰ ਭੱਠਲ ਤੇ ਸਾਥੀਆਂ ਵੱਲੋਂ ਲੋਕ ਅਰਪਣ

ਲੁਧਿਆਣਾः 18 ਅਕਤੂਬਰ : (ਸੱਗੀ) ਕੈਨੇਡਾ ਵਾਸੀ ਪੰਜਾਬੀ ਕਵਿੱਤਰੀ ਬਿੰਦੂ ਦਲਵੀਰ ਕੌਰ ਦਾ ਗ਼ਜ਼ਲ ਸੰਗ੍ਰਹਿ "ਮਨ ਬਉਰਾ" ਨੂੰ ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਵੱਲੋਂ ਲੋਕ ਅਰਪਣ ਕਰਦਿਆਂ ਇਸ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਹੈ ਕਿ ਬਿੰਦੂ



ਦਲਵੀਰ ਕੌਰ ਵਿਸਮਾਦੀ ਪਲਾਂ ਦੇ ਅੰਤਰੀਵ ਪਲਾਂ ਨੂੰ ਜਾਨਣਹਾਰੀ ਕਵਿੱਤਰੀ ਹੈ ਜਿਸ ਨੇ ਪੰਜਾਬੀ ਗ਼ਜ਼ਲ ਨੂੰ ਨਵਾਂ ਨਿਵੇਕਲਾ ਪਰਮਾਰਥੀ ਮੁਹਾਂਦਰਾ ਪ੍ਰਦਾਨ ਕੀਤਾ ਹੈ। ਗੁਰਬਾਣੀ ਤੋਂ ਪ੍ਰੇਰਨਾ ਲੈ ਕੇ ਉਸਨੇ ਹਮੇਸ਼ਾਂ ਕਲਮ ਅਜ਼ਮਾਈ ਕੀਤੀ ਹੈ। ਆਪਣੇ ਇਸ ਤੀਸਰੇ ਗ਼ਜ਼ਲ ਸੰਗ੍ਰਹਿ ਮਨ ਬਉਰਾ ਤੋਂ ਪਹਿਲਾਂ ਉਹ ਸੁਰ ਇਲਾਹੀ ਤੇ ਹਰਫ਼ ਇਲਾਹੀ ਵਿੱਚ ਵੀ ਆਪਣੀ ਕਲਮ ਦਾ ਲੋਹਾ ਮੰਨਵਾ ਚੁੱਕੀ ਹੈ। ਚੌਂਕੀਮਾਨ(ਲੁਧਿਆਣਾ) ਦੀ ਜੰਮਪਲ ਇਹ ਕਵਿੱਤਰੀ ਬਚਪਨ ਤੋਂ ਹੀ ਰੰਗਾਂ ਤੇ ਸ਼ਬਦਾਂ ਨਾਲ ਖੇਡਣ ਲੱਗ ਪਈ ਸੀ। ਪਰਿਵਾਰਕ ਨੇੜ ਦੇ ਆਧਾਰ ਤੇ ਮੈਂ ਇਹ ਕਹਿਣ ਦਾ ਹੱਕ ਰੱਖਦਾ ਹਾਂ ਕਿ ਕਵਿਤਾ ਦੀ ਗੁੜ੍ਹਤੀ ਉਸ ਨੇ ਆਪਣੇ ਮਾਮਾ ਜੀ ਤੇ ਯੂ ਕੇ ਵੱਸਦੇ ਪੰਜਾਬੀ ਕਵੀ ਡਾ. ਤਾਰਾ ਸਿੰਘ ਆਲਮ ਤੋਂ ਹਾਸਲ ਕੀਤੀ ਹੈ।

ਪੁਸਤਕ ਬਾਰੇ ਜਾਣਕਾਰੀ ਦੇਂਦਿਆਂ ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਦੇ ਸਾਬਕਾ ਪ੍ਰਧਾਨ ਪ੍ਰੋ. ਰਵਿੰਦਰ ਭੱਠਲ ਨੇ ਕਿਹਾ ਕਿ ਪੰਜਾਬੀ ਗ਼ਜ਼ਲ ਦੀ ਉਮਰ ਭਾਵੇਂ ਸਿਰਫ਼ ਇੱਕ ਸਦੀ ਹੀ ਹੈ ਪਰ ਇਸ ਸਦੀ ਦੌਰਾਨ ਇਸਤਰੀ ਗ਼ਜ਼ਲਗਾਰਾਂ ਸਪਨ ਮਾਲਾ, ਸੁਰਜੀਤ ਸਖੀ, ਕਮਲ ਇਕਾਰਸ਼ੀ, ਸੁਖਵਿੰਦਰ ਅੰਮ੍ਰਿਤ, ਅਨੂ ਬਾਲਾ, ਸਿਮਰਨਜੋਤ ਮਾਨ, ਅਮਰਜੀਤ ਕੌਰ ਅਮਰ, ਗੁਰਚਰਨ ਕੌਰ ਕੋਚਰ ਤੇ ਮਨ ਮਾਨ ਨੇ ਕਹਿਣ ਸੁਣਨ ਯੋਗ ਹਿੱਸਾ ਪਾਇਆ ਹੈ ਪਰ ਬਿੰਦੂ ਦਾ ਰਚਨਾ ਸੰਸਾਰ ਬਿਲਕੁਲ ਨਿਵੇਕਲਾ ਅਤੇ ਵਿਸਮਾਦ ਜਗਤ ਦੀ ਅੰਦਰੂਨੀ ਥਾਹ ਪਾਉਣ ਵਾਲਾ ਹੈ।

ਪ੍ਰਸਿੱਧ ਪੰਜਾਬੀ ਕਵੀ ਤ੍ਰੈਲੋਚਨ ਲੋਚੀ ਨੇ ਕਿਹਾ ਕਿ ਇਹ ਗ਼ਜ਼ਲਾਂ ਸਿਰਫ਼ ਮਨ ਮੰਦਰ ਦੀ ਯਾਤਰਾ ਹੀ ਨਹੀਂ ਸਗੋਂ ਮਨ ਦੀਆਂ ਖਿੜਕੀਆਂ ਖੋਲਣ ਵਾਲੀ ਵੀ ਹੈ। ਇਸ ਵਿਚਲੀ ਸੰਗੀਤਕਤਾ ਮਨ ਮੋਹਕ ਹੈ। ਪੰਜਾਬੀ ਸਾਹਿੱਤ ਅਕਾਡਮੀ ਦੇ ਮੀਤ ਪ੍ਰਧਾਨ ਅਤੇ ਵਿਸ਼ਵ ਪੰਜਾਬੀ ਕਾਂਗਰਸ ਦੇ ਸਕੱਤਰ ਜਨਰਲ ਸਹਿਜਪ੍ਰੀਤ ਸਿੰਘ ਮਾਂਗਟ ਨੇ ਵੀ ਇਸ ਪੁਸਤਕ ਦੇ ਸੱਜਰੇਪਨ ਨੂੰ ਸਲਾਹਿਆ। ਪ੍ਰਸਿੱਧ ਚਿੱਤਰਕਾਰ ਜਸਵੰਤ ਸਿੰਘ ਟੋਰੰਟੋ ਨੇ ਇਸ ਦੇ ਨਖ ਸ਼ਿਖ ਸੰਵਾਰੇ ਹਨ।

## ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਨਰਾਤਿਆਂ ਦੇ ਪਾਵਨ ਮੌਕੇ ਪਹਿਲੀ ਵਾਰ ਕਰਵਾਈ ਇਤਿਹਾਸਕ ਮਾਤਾ ਦੀ ਚੌਂਕੀ ਨੇ ਸ਼ਰਧਾਲੂਆਂ ਨੂੰ ਮਾਤਾ ਦੇ ਰੰਗ 'ਚ ਰੰਗਿਆ

### ਬਹਾਵਲਪੁਰ ਮਹਾਂਸੰਘ ਦੇ ਪ੍ਰਧਾਨ ਰਾਮਚੰਦ ਰਾਮਾ ਨੇ ਕੀਤੀ ਜੋਤੀ ਪ੍ਰਚੰਡ

### ਵੱਖ-ਵੱਖ ਧਾਰਮਿਕ ਸੰਸਥਾਵਾਂ ਦੇ ਆਗੂਆਂ ਅਤੇ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਭਰੀ ਹਾਜ਼ਰੀ

### ਮਾਤਾ ਦੀ ਚੌਂਕੀ ਨੂੰ ਲੈ ਕੇ ਸਨਾਤਨ ਧਰਮ ਨਾਲ ਜੁੜੇ ਸ਼ਰਧਾਲੂਆਂ ਵਿੱਚ ਵਿਸ਼ੇਸ਼ ਉਤਸ਼ਾਹ

ਪਟਿਆਲਾ, 18 ਅਕਤੂਬਰ : ਪਟਿਆਲਾ ਦੇ ਪ੍ਰਾਚੀਨ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਨਰਾਤਿਆਂ ਦੇ ਪਾਵਨ ਮੌਕੇ 'ਤੇ ਇਸ ਵਾਰ ਪਹਿਲੀ ਵਾਰ ਇਤਿਹਾਸਕ ਅੱਠ ਦਿਨਾਂ ਦੀ ਕਰਵਾਈ ਜਾ ਰਹੀ ਮਾਤਾ ਦੀ ਚੌਂਕੀ ਨੇ ਸ਼ਰਧਾਲੂਆਂ ਨੂੰ ਮਾਤਾ ਦੇ ਰੰਗ 'ਚ ਰੰਗਿਆ ਹੈ। ਇਸ ਚੌਂਕੀ ਦੀ ਸੇਵਾ ਮੰਦਰ ਐਡਵਾਈਜਰੀ ਮੈਨੇਜਮੈਂਟ ਕਮੇਟੀ ਨੇ ਇਹ ਅਹਿਮ ਸੇਵਾ ਪੀਆਰਟੀਸੀ ਦੇ ਚੇਅਰਮੈਨ ਹਰਪਾਲ ਜੁਨੇਜਾ ਨੂੰ ਸੌਂਪੀ ਹੈ, ਜਿਸ ਨੂੰ ਉਹ ਪੂਰੀ ਸ਼ਰਧਾ ਅਤੇ ਸਮਰਪਣ ਭਾਵਨਾ ਨਾਲ ਨਿਭਾ ਰਹੇ ਹਨ।

ਮਾਤਾ ਦੀ ਚੌਂਕੀ ਦੌਰਾਨ ਬਹਾਵਲਪੁਰ ਮਹਾਂਸੰਘ ਦੇ ਪ੍ਰਧਾਨ ਸ੍ਰੀ ਰਾਮਚੰਦ ਰਾਮਾ ਨੇ ਜੋਤੀ ਪ੍ਰਚੰਡ ਕਰਕੇ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਬਹਾਵਲਪੁਰ ਮਹਾਂਸੰਘ ਦੇ ਸਮੂਹ ਅਹੁਦੇਦਾਰਾਂ ਨੇ ਵੀ ਸ਼ਮੂਲੀਅਤ ਕੀਤੀ। ਅੱਠ ਦਿਨਾਂ ਦੀ ਇਸ ਪਾਵਨ ਚੌਂਕੀ ਦੌਰਾਨ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਆਗੂ ਹਰ ਰੋਜ਼ ਪਹੁੰਚ ਕੇ ਜੋਤੀ ਪ੍ਰਚੰਡ ਕਰ ਰਹੇ ਹਨ ਅਤੇ ਮਾਤਾ ਰਾਣੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕਰ ਰਹੇ ਹਨ।



ਹਰਪਾਲ ਜੁਨੇਜਾ ਨੇ ਕਿਹਾ ਕਿ ਪ੍ਰਾਚੀਨ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਹੋ ਰਿਹਾ ਨਵੀਨੀਕਰਨ ਅਤੇ ਸੁੰਦਰੀਕਰਨ ਸ਼ਰਧਾਲੂਆਂ ਲਈ ਖਿੱਚ ਦਾ ਕੇਂਦਰ ਬਣਿਆ ਹੋਇਆ ਹੈ। ਮੰਦਰ ਦੇ ਵਿਕਾਸ ਕਾਰਜਾਂ 'ਤੇ ਵੱਡੇ ਪੱਧਰ 'ਤੇ ਖਰਚ ਕੀਤਾ ਜਾ ਰਿਹਾ ਹੈ ਅਤੇ ਨਵੀਂ ਦਿੱਖ ਨਾਲ ਮੰਦਰ ਦੀ ਸ਼ਾਨ ਹੋਰ ਵਧ ਰਹੀ ਹੈ। ਨਰਾਤਿਆਂ ਦੌਰਾਨ ਪਹਿਲੀ ਵਾਰ ਅੱਠ ਦਿਨਾਂ ਦੀ ਚੌਂਕੀ ਲੱਗਣ ਕਾਰਨ ਸਨਾਤਨ ਧਰਮ ਨਾਲ ਜੁੜੇ ਸ਼ਰਧਾਲੂਆਂ ਵਿੱਚ ਵਿਸ਼ੇਸ਼ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।

ਹਰਪਾਲ ਜੁਨੇਜਾ ਨੇ ਦੱਸਿਆ ਕਿ ਇਸ ਵਾਰ ਸ਼ਹਿਰ ਦੇ ਨਾਲ-ਨਾਲ ਆਸ-ਪਾਸ ਦੇ ਪਿੰਡਾਂ ਤੋਂ ਵੀ ਵੱਡੀ ਗਿਣਤੀ ਵਿੱਚ ਸੰਗਤ ਮਾਤਾ ਰਾਣੀ ਦੇ ਦਰਸ਼ਨਾਂ ਲਈ ਪਹੁੰਚ ਰਹੀ ਹੈ। ਹਰ ਰੋਜ਼ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂ ਪ੍ਰਾਚੀਨ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਮੱਥਾ ਟੇਕ ਕੇ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕਰ ਰਹੇ ਹਨ।

ਇਸ ਦੌਰਾਨ ਨਵੇਂ ਲੰਗਰ ਭਵਨ ਵਿੱਚ ਸੰਗਤ ਲਈ ਸੁਚੱਜੇ ਪ੍ਰਬੰਧ ਵੀ ਸ਼ਰਧਾਲੂਆਂ ਨੂੰ ਸੁਵਿਧਾ ਪ੍ਰਦਾਨ ਕਰ ਰਹੇ ਹਨ। ਮੰਦਰ ਵਿਖੇ ਨਵੇਂ ਬਣੇ ਲੰਗਰ ਭਵਨ ਵਿੱਚ ਵੀ ਸੰਗਤ ਦੀ ਸਹੂਲਤ ਲਈ ਬਹੁਤ ਵਧੀਆ ਪ੍ਰਬੰਧ ਕੀਤੇ ਗਏ ਹਨ। ਇੱਥੇ ਇੱਕ ਸਮੇਂ ਵਿੱਚ ਲਗਭਗ 1,000 ਤੋਂ 1,500 ਸ਼ਰਧਾਲੂ ਬੈਠ ਕੇ ਲੰਗਰ ਛਕ ਸਕਦੇ ਹਨ। ਹਰ ਰੋਜ਼ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਲੰਗਰ ਦਾ ਪ੍ਰਸ਼ਾਦਾ ਛਕ ਰਹੀ ਹੈ। ਸ਼ਰਧਾਲੂ ਜਿੱਥੇ ਮਾਤਾ ਰਾਣੀ ਦੇ ਦਰਸ਼ਨ ਕਰਕੇ ਨਿਹਾਲ ਹੋ ਰਹੇ ਹਨ, ਉੱਥੇ ਹੀ ਮੰਦਰ ਦੇ ਨਵੀਨੀਕਰਨ ਅਤੇ ਲੰਗਰ ਭਵਨ ਵਿੱਚ ਕੀਤੇ ਗਏ ਪ੍ਰਬੰਧਾਂ ਦੀ ਵੀ ਭਰਪੂਰ ਸ਼ਲਾਘਾ ਕਰ ਰਹੇ ਹਨ।

ਹਰਪਾਲ ਜੁਨੇਜਾ ਨੇ ਕਿਹਾ ਕਿ ਮਾਤਾ ਰਾਣੀ ਦੀ ਕਿਰਪਾ ਸਦਕਾ ਇਸ ਪਾਵਨ ਸਮਾਗਮ ਵਿੱਚ ਸੰਗਤਾਂ ਦਾ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਧਾਰਮਿਕ ਸੰਸਥਾਵਾਂ ਦੇ ਆਗੂਆਂ ਅਤੇ ਸੇਵਾਦਾਰਾਂ ਵੱਲੋਂ ਮਿਲ ਰਹੇ ਸਹਿਯੋਗ ਨਾਲ ਇਹ ਸੇਵਾ ਹੋਰ ਵੀ ਸੁਚੱਜੇ ਢੰਗ ਨਾਲ ਨਿਭਾਈ ਜਾ ਰਹੀ ਹੈ।

ਉਨ੍ਹਾਂ ਮਾਤਾ ਰਾਣੀ ਦੇ ਚਰਨਾਂ ਵਿੱਚ ਅਰਦਾਸ ਕੀਤੀ ਕਿ ਮਾਤਾ ਰਾਣੀ ਸਾਰਿਆਂ ਦੀਆਂ ਝੋਲੀਆਂ ਖੁਸ਼ੀਆਂ ਨਾਲ ਭਰੇ, ਹਰ ਪਰਿਵਾਰ ਵਿੱਚ ਸੁੱਖ-ਸ਼ਾਂਤੀ, ਤੰਦਰੁਸਤੀ ਅਤੇ ਖੁਸ਼ਹਾਲੀ ਬਖ਼ਸ਼ੇ ਅਤੇ ਸਮੁੱਚੀ ਲੋਕਾਈ 'ਤੇ ਆਪਣਾ ਮਿਹਰ ਭਰਿਆ ਹੱਥ ਬਣਾਈ ਰੱਖੇ।

## ਗੁਰਪ੍ਰੀਤ ਸਿੰਘ ਤੂਰ ਤੇ ਸਾਥੀਆਂ ਵੱਲੋਂ ਸੰਪਾਦਿਤ ਪੁਸਤਕ "ਪੰਜਾਬ ਸਿਆਸਤ ਅਤੇ ਸਮਕਾਲ' ਪੁਸਤਕ ਪਦਮ ਭੂਸ਼ਣ ਡਾ. ਸਰਦਾਰਾ ਸਿੰਘ ਜੌਹਲ, ਪ੍ਰੋ. ਗੁਰਭਜਨ ਸਿੰਘ ਗਿੱਲ ਤੇ ਡਾ. ਨਵਤੇਜ ਸਿੰਘ ਬੈਂਸ ਵਲੋਂ ਲੋਕ ਅਰਪਣ

ਲੁਧਿਆਣਾ, 18 ਅਕਤੂਬਰ : ਗੁਰਪ੍ਰੀਤ ਸਿੰਘ ਤੂਰ, ਡਾ. ਬਲਵੰਤ ਸਿੰਘ ਸੰਧੂ ਤੇ ਡਾ. ਕੁਲਦੀਪ ਸਿੰਘ ਵੱਲੋਂ ਸੰਪਾਦਿਤ ਤੇ ਕਾਫ਼ਲਾ : ਜੀਵੇ ਪੰਜਾਬ ਵੱਲੋਂ ਚੇਤਨਾ ਪ੍ਰਕਾਸ਼ਨ ਰਾਹੀਂ ਪ੍ਰਕਾਸ਼ਿਤ "ਪੰਜਾਬ ਸਿਆਸਤ ਅਤੇ ਸਮਕਾਲ ਨਾਮਕ ਪੁਸਤਕ ਦਾ ਲੋਕ ਅਰਪਣ ਸਮਾਗਮ ਪੰਜਾਬੀ ਭਵਨ ਲੁਧਿਆਣਾ ਦੇ ਡਾ. ਮ ਸ ਰੰਧਾਵਾ ਵਿਖੇ ਕਰਵਾਇਆ ਗਿਆ।

ਸਮਾਗਮ ਵਿਚ ਉਘੇ ਅਰਥਸ਼ਾਸਤਰੀ ਤੇ ਪਦਮ ਭੂਸ਼ਣ ਡਾ. ਸਰਦਾਰਾ ਸਿੰਘ ਜੌਹਲ ਨੇ ਮੁੱਖ ਮਹਿਮਾਨ ਵਜੋਂ 'ਸ਼ਿਰਕਤ ਕੀਤੀ ਜਦਕਿ ਪੰਜਾਬੀ ਲੋਕ ਵਿਰਾਸਤ ਅਕਾਦਮੀ, ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ।



ਪ੍ਰਿੰਸੀਪਲ ਬਹਾਦਰ ਸਿੰਘ ਨੇ ਪੁਸਤਕ ਦੀ ਜਾਣ ਪਛਾਣ ਕਰਵਾਈ ਗਈ। ਪੁਸਤਕ ਨੂੰ ਲੋਕ ਅਰਪਣ ਕਰਨ ਉਪਰੰਤ ਬੋਲਦਿਆਂ ਡਾ. ਸਰਦਾਰਾ ਸਿੰਘ ਜੌਹਲ ਨੇ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਹਰ ਪਿੰਡ ਵਿਚ ਖੇਡ ਮੈਦਾਨ ਹੋਣ, ਲਾਇਬਰੇਰੀਆਂ ਹੋਣ ਜਿੱਥੇ ਰੋਜ਼ਾਨਾ ਅਖ਼ਬਾਰ ਆਉਂਦੇ ਹੋਣ। ਤਦ ਹੀ ਜਵਾਨੀ ਖ਼ੁਸ਼ਹਾਲੀ ਦੇ ਰਾਹ ਪੈ ਸਕਦੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਵਿਹਲੀ ਸ਼ਾਮ ਉਨ੍ਹਾਂ ਲਈ ਘਾਤਕ ਹੋ ਨਿੱਬੜਦੀ ਹੈ। ਸਰਕਾਰ ਨੂੰ ਉਨ੍ਹਾਂ ਲਈ ਯੋਗਤਾ ਅਨੁਸਾਰੀ ਰੁਜ਼ਗਾਰ ਦੇ ਮੌਕੇ ਮੁਹੱਈਆ ਵੀ ਕਰਵਾਉਣੇ ਚਾਹੀਦੇ ਹਨ। ਰੁਜ਼ਗਾਰ ਯੋਗ ਬਣਾਉਣ ਲਈ ਸਮਾਂ ਬੱਧ ਯੋਜਨਾ ਤੇ ਸਿਖਲਾਈ ਢਾਂਚਾ ਵੀ ਤਹਿਸੀਲ ਪੱਧਰ ਤੇ ਉਸਾਰਨ ਦੀ ਲੋੜ ਹੈ। ਡਾ. ਜੌਹਲ ਨੇ ਗੁਰਪ੍ਰੀਤ ਸਿੰਘ ਤੂਰ, ਡਾ. ਬਲਵੰਤ ਸਿੰਘ ਸੰਧੂ ਤੇ ਡਾ. ਕੁਲਦੀਪ ਸਿੰਘ ਦੇ ਇਸ ਸਾਰਥਕ ਯਤਨ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ 'ਜੀਵੇ ਪੰਜਾਬ' ਸੰਸਥਾ ਵਲੋਂ ਏਨੀ ਮਹੱਤਵਪੂਰਨ ਪ੍ਰਕਾਸ਼ਨਾ ਕੀਤੀ ਹੈ।

ਪ੍ਰਧਾਨਗੀ ਭਾਸ਼ਣ ਦਿੰਦਿਆਂ ਪੰਜਾਬੀ ਲੋਕ ਵਿਰਾਸਤ ਅਕਾਦਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਪੰਜਾਬੀਆਂ ਨੂੰ ਪ੍ਰਤਾਪ ਸਿੰਘ ਕੈਰੋਂ ਤੇ ਲਛਮਣ ਸਿੰਘ ਗਿੱਲ ਤੋਂ ਇਲਾਵਾ ਜਸਟਿਸ ਗੁਰਨਾਮ ਸਿੰਘ ਦੀ ਦੂਰ ਦਰਸ਼ਤਾ ਨੂੰ ਵੀ ਸਤਿਕਾਰ ਦੇਣਾ ਬਣਦਾ ਹੈ ਜਿਨ੍ਹਾਂ ਨੇ ਗੁਰੂ ਨਾਨਕ ਪਾਤਸ਼ਾਹ ਦੀ ਪੰਜਮ ਸ਼ਤਾਬਦੀ ਵੇਲੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਸਥਾਪਤ ਕਰਨ ਤੋਂ ਇਲਾਵਾ ਪੰਜਾਬ ਦੇ ਕਸਬਿਆਂ ਤੇ ਸ਼ਹਿਰਾਂ ਵਿੱਚ ਪੰਜਾਹ ਤੋਂ ਵੱਧ ਕਾਲਿਜ ਸਥਾਪਤ ਕੀਤੇ। ਵਿਸ਼ੇਸ਼ ਉਪਜ ਸੈੱਸ ਲਾ ਕੇ ਹਰ ਵੱਡੇ ਸ਼ਹਿਰ ਵਿੱਚ ਗੁਰੂ ਨਾਨਕ ਭਵਨ ਉਸਾਰਨ ਲਈ ਯੋਜਨਾਕਾਰੀ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਇੱਕ ਪਾਸੜ ਬਿਰਤੀ ਵਾਲੀ ਸਿਆਸਤ ਨੇ ਕੁਝ ਕੁ ਲੋਕ ਤਾਂ ਨਾਇਕ ਉਸਾਰੇ ਹਨ, ਜਦ ਕਿ ਕਈ ਮਹਾਂ ਨਾਇਕ ਬਣਨ ਦੇ ਸਮਰੱਥ ਲੋਕ ਅਸੀਂ ਵਿਸਾਰ ਦਿੱਤੇ ਹਨ। ਉਨ੍ਹਾਂ ਗਿਆਨੀ ਕਰਤਾਰ ਸਿੰਘ ਤੇ ਸ. ਤਰਲੋਕ ਸਿੰਘ ਆਈ.ਸੀ.ਐਸ. ਦਾ ਹਵਾਲਾ ਦਿੱਤਾ ਜਿੰਨ੍ਹਾਂ ਦੀ ਅਗਵਾਈ ਦੇਸ਼ ਵੰਡ ਮਗਰੋਂ ਮੁੜ ਵਸੇਬੇ ਤੇ ਚੱਕਬੰਦੀ ਲਈ ਮਹੱਤਵਪੂਰਨ ਸੀ। ਉਨ੍ਹਾਂ ਸੁਝਾਅ ਦਿੱਤਾ ਕਿ ਗਿਆਨ ਪਸਾਰ ਲਈ ਇਸ ਸੰਸਥਾ ਦੀਆਂ ਸਭ ਕਿਤਾਬਾਂ ਦਾ ਸੌਫਟ ਕਾਪੀ ਸਰੂਪ ਇੰਟਰਨੈੱਟ ਤੇ ਚਾੜ੍ਹਨਾ ਚਾਹੀਦਾ ਹੈ ਤਾਂ ਜੋ ਪ੍ਰਭਾਵ ਖੇਤਰ ਵਧੇ। ਇੱਕੀਵੀਂ ਸਦੀ ਦੇ ਦੁਸ਼ਮਣਾਂ ਨੂੰ ਮਾਰਨ ਲਈ ਹਥਿਆਰ ਵੀ ਨਵੇਂ ਯੁੱਗ ਦੇ ਚਾਹੀਦੇ ਹਨ।

ਇਸ ਪੁਸਤਕ ਸਬੰਧੀ ਜਾਣਕਾਰੀ ਦਿੰਦਿਆਂ ਸੰਪਾਦਕਾਂ ਵੱਲੋਂ ਬੋਲਦਿਆਂ ਸੇਵਾ ਮੁਕਤ ਕਮਿਸ਼ਨਰ ਪੁਲਿਸ ਸ. ਗੁਰਪ੍ਰੀਤ ਸਿੰਘ ਤੂਰ ਨੇ ਦੱਸਿਆ ਕਿ ਇਸ ਪੁਸਤਕ ਵਿਚ ਵੱਖ-ਵੱਖ 20 ਸਿਰਕੱਢ ਵਿਚਾਰਵਾਨਾਂ ਦੇ ਲੇਖ ਹਨ।

ਕੌਮੀ ਸਨਮਾਨ ਪੁਰਸਕਾਰ ਵਿਜੇਤਾ ਅਧਿਆਪਕ ਕਰਮਜੀਤ ਸਿੰਘ ਗਰੇਵਾਲ ਨੱ ਪ੍ਰੋ. ਮੋਹਨ ਸਿੰਘ ਦੀ ਗ਼ਜ਼ਲ" ਭਾਰਤ ਹੈ ਵਾਂਗ ਮੁੰਦਰੀ, ਵਿੱਚ ਨਗ ਪੰਜਾਬ ਦਾ"ਗਾ ਕੇ ਵਿਰਸੇ ਦਾ ਚੇਤਾ ਕਰਵਾਇਆ। ਡਾ. ਬਲਵੰਤ ਸਿੰਘ ਸੰਧੂ ਦੀ ਸਕੂਲ ਪੜ੍ਹਦੀ ਬੇਟੀ ਨੇ ਪੁਸਤਕ ਸੱਭਿਆਚਾਰ ਲਈ ਜੀਵੇ ਪੰਜਾਬ ਸੰਸਥਾ ਵੱਲੋਂ ਕੀਤੇ ਯਤਨਾਂ ਨੂੰ ਵੀ ਸਲਾਹਿਆ।

ਇਸ ਮੌਕੇ ਪੰਜਾਬੀ ਸਾਹਿੱਤ ਅਕਾਡਮੀ ਦੇ ਸਾਬਕਾ ਪ੍ਰਧਾਨ ਪ੍ਰੋ. ਰਵਿੰਦਰ ਭੱਠਲ, ਉੱਘੇ ਫੋਟੋ ਆਰਟਿਸਟ ਤੇ ਲੇਖਕ ਤੇਜ ਪ੍ਰਤਾਪ ਸਿੰਘ ਸੰਧੂ, ਜਨਮੇਜਾ ਸਿੰਘ ਜੌਹਲ, ਮੰਡੀਕਰਨ ਬੋਰਡ ਦੇ ਸਾਬਕਾ ਜਨਰਲ ਮੈਨੇਜਰ ਹਰਪ੍ਰੀਤ ਸਿੰਘ ਸਿੱਧੂ, ਡਾ. ਗੁਲਜ਼ਾਰ ਪੰਧੇਰ, ਡਾ. ਗੁਰਇਕਬਾਲ ਸਿੰਘ, ਨਿਰਮਲ ਜੌੜਾ, ਸਹਿਜਪ੍ਰੀਤ ਮਾਂਗਟ, ਜਸਮੇਰ ਢੱਟ, ਕਰਮਜੀਤ ਗਰੇਵਾਲ, ਸਮਾਜ ਸੇਵੀ ਬੀਬੀ ਦਲਜੀਤ ਕੌਰ, ਸੇਵਾ ਮੁਕਤ ਕਰਨਲ ਤੇ ਵਾਤਾਵਰਣ ਪ੍ਰੇਮੀ ਜਗਜੀਤ ਸਿੰਘ ਗਿੱਲ, ਡਾ. ਮਾਨ ਸਿੰਘ ਤੂਰ, ਬ੍ਰਿਜ ਭੂਸ਼ਣ ਗੋਇਲ, ਪ੍ਰੋ. ਗੁਰਚਰਨ ਸਿੰਘ, ਸੇਵਾ ਮੁਕਤ ਆਈ.ਏ.ਐਸਅਧਿਕਾਰੀ ਹਰਚਰਨਜੀਤ ਸਿੰਘ, ਸ. ਜੇ ਪੀ ਸਿੰਘ ਸਾਬਕਾ ਏ ਡੀ ਸੀ,ਡਾ. ਰੁਪਿੰਦਰ ਕੌਰ ਤੂਰ, ਇੰਦਰਜੀਤ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿਚ ਲੇਖਕ ਤੇ ਵਿਦਵਾਨ ਹਾਜ਼ਰ ਸਨ।

## ਡੋਲਫਿਨ ਪਬਲਿਕ ਸਕੂਲ ਵਾੜਾ ਦਾਰਾਕਾ ਦੇ ਵਿਦਿਆਰਥੀਆਂ ਨੇ 'ਪ੍ਰਾਇਮਰੀ ਗੇਮਜ਼' ਵਿੱਚ ਗੱਡੇ ਸਫ਼ਲਤਾ ਦੇ ਝੰਡੇ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 18 ਅਕਤੂਬਰ : ਨੇੜਲੇ ਪਿੰਡ ਵਾੜਾਦਰਾਕਾ ਵਿਖ਼ੇ ਸਥਿਤ ਡੋਲਫਿਨ ਪਬਲਿਕ ਸਕੂਲ ਲਈ ਅੱਜ ਦਾ ਦਿਨ ਬਹੁਤ ਹੀ ਮਾਣ ਅਤੇ ਖ਼ੁਸ਼ੀ ਭਰਿਆ ਰਿਹਾ। ਸਕੂਲ ਦੇ ਹੋਣਹਾਰ ਨੰਨ੍ਹੇ-ਮੁੰਨੇ ਖਿਡਾਰੀਆਂ ਨੇ 'ਪ੍ਰਾਇਮਰੀ ਗੇਮਜ਼ ਕੇਂਦਰੀ ਪੱਧਰ' 'ਤੇ ਆਪਣੀ ਖੇਡ ਦਾ ਬਹਿਤਰੀਨ ਪ੍ਰਦਰਸ਼ਨ ਕਰਦਿਆਂ ਸ਼ਾਨਦਾਰ ਜਿੱਤ ਦਰਜ ਕੀਤੀ ਹੈ ਅਤੇ ਸਕੂਲ ਦਾ ਨਾਂ ਇਲਾਕੇ ਵਿੱਚ ਰੋਸ਼ਨ ਕੀਤਾ ਹੈ। ਸਕੂਲ ਪ੍ਰਿੰਸੀਪਲ ਮੁਤਾਬਿਕ ਖੇਡਾਂ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਖੇਡ ਵੰਨਗੀਆਂ ਵਿੱਚ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਉਂਦੇ ਹੋਏ ਸ਼ਾਨਦਾਰ ਪੁਜ਼ੀਸ਼ਨਾਂ ਹਾਸਲ ਕੀਤੀਆਂ। ਸ਼ਤਰੰਜ ਅੰਡਰ-11 ਵਿਚ ਸਕੂਲ ਦੇ ਖਿਡਾਰੀ ਨੇ ਬੁਲੰਦ ਹੌਸਲੇ ਨਾਲ ਖੇਡਦਿਆਂ ਦੂਜਾ ਸਥਾਨ (ਸਿਲਵਰ ਮੈਡਲ) ਹਾਸਲ ਕੀਤਾ ਅੰਡਰ-11 ਸ਼ਾਟਪੁੱਟ ਮੁਕਾਬਲੇ ਵਿੱਚ ਵਧੀਆ ਪ੍ਰਦਰਸ਼ਨ ਕਰਦੇ ਹੋਏ ਤੀਜਾ ਸਥਾਨ, ਐਥਲੈਟਿਕਸ (100 ਮੀਟਰ ਅਤੇ 200 ਮੀਟਰ ਦੌੜ – ਅੰਡਰ-11): ਤੇਜ਼ ਰਫ਼ਤਾਰ ਦੌੜਾਕਾਂ ਨੇ ਆਪਣੀ ਸਰੀਰਕ ਸਮਰੱਥਾ ਅਤੇ ਲਗਨ ਦਾ ਸਬੂਤ ਦਿੰਦਿਆਂ ਤੀਜਾ ਸਥਾਨ ਹਾਸਲ ਕੀਤਾ। ਇਸ ਪ੍ਰਾਪਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਕੂਲ ਦੇ ਚੇਅਰਮੈਨ ਸਰਦਾਰ ਹਰਮਨ ਸਿੰਘ ਬਰਾੜ ਜੀ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਖੇਡ ਅਧਿਆਪਕਾਂ (ਕੋਚਾਂ) ਨੂੰ ਮੁਬਾਰਕਬਾਦ ਦਿੱਤੀ।



ਉਨ੍ਹਾਂ ਕਿਹਾ, "ਸਿੱਖਿਆ ਦੇ ਨਾਲ-ਨਾਲ ਖੇਡਾਂ ਵੀ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ। ਸਾਡੇ ਇਨ੍ਹਾਂ ਨੰਨ੍ਹੇ ਚੈਂਪੀਅਨਾਂ ਨੇ ਆਪਣੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਲਗਨ ਨਾਲ ਇਹ ਸਾਬਤ ਕਰ ਦਿੱਤਾ ਹੈ ਕਿ ਜੇਕਰ ਮਨ ਵਿੱਚ ਜਜ਼ਬਾ ਹੋਵੇ ਤਾਂ ਕੋਈ ਵੀ ਮੰਜ਼ਿਲ ਅਸੰਭਵ ਨਹੀਂ ਹੈ।" ਸਕੂਲ ਦੇ ਪ੍ਰਿੰਸੀਪਲ ਸਮੇਤ ਸਮੂਹ ਸਟਾਫ਼ ਨੇ ਵੀ ਬੱਚਿਆਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਕਿਹਾ ਕਿ ਸਕੂਲ ਪ੍ਰਬੰਧਕ ਕਮੇਟੀ ਬੱਚਿਆਂ ਨੂੰ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਲਈ ਹਰ ਤਰ੍ਹਾਂ ਦੀਆਂ ਬਿਹਤਰ ਸਹੂਲਤਾਂ ਅਤੇ ਸਹਿਯੋਗ ਦੇਣ ਲਈ ਹਮੇਸ਼ਾ ਵਚਨਬੱਧ ਹੈ। ਅੰਤ ਵਿੱਚ ਜੇਤੂ ਬੱਚਿਆਂ ਨੂੰ ਸਕੂਲ ਦੇ ਵਿਸ਼ੇਸ਼ ਸਮਾਗਮ ਦੌਰਾਨ ਸਨਮਾਨਿਤ ਕਰਨ ਦਾ ਐਲਾਨ ਵੀ ਕੀਤਾ ਗਿਆ, ਤਾਂ ਜੋ ਹੋਰਨਾਂ ਬੱਚਿਆਂ ਨੂੰ ਵੀ ਖੇਡਾਂ ਵਿੱਚ ਭਾਗ ਲੈਣ ਦੀ ਪ੍ਰੇਰਨਾ ਮਿਲ ਸਕੇ।